# Telephone Conversation between Prime Minister and His Majesty the King of Saudi Arabia

September 09, 2020

---

## ਪ੍ਰਧਾਨ ਮੰਤਰੀ ਅਤੇ ਸਊਦੀ ਅਰਬ ਦੇ ਮਹਾਮਹਿਮ ਰਾਜਾ ਦਰਮਿਆਨ ਟੈਲੀਫੋਨ 'ਤੇ ਹੋਈ ਗੱਲਬਾਤ

9 ਸਤੰਬਰ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਮਹਾਮਹਿਮ ਰਾਜਾ ਸਲਮਾਨ ਬਿਨ ਅਬਦੁਲਅਜ਼ੀਜ਼ ਅਲ ਸਊਦ ਨਾਲ ਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ COVID -19 ਮਹਾਂਮਾਰੀ ਦੇ ਸੰਦਰਭ ਵਿੱਚ ਕੌਮਾਂਤਰੀ ਚੁਣੌਤੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ।

ਪ੍ਰਧਾਨ ਮੰਤਰੀ ਨੇ ਸਊਦੀ ਅਰਬ ਦੁਆਰਾ G-20 ਸਮੂਹ ਦੀ ਵਰਤਮਾਨ ਪ੍ਰਧਾਨਗੀ ਦੌਰਾਨ ਇਸ ਵੱਲੋਂ ਦਿੱਤੀ ਗਈ ਅਗੁਆਈ ਲਈ ਇਸਦੀ ਸ਼ਲਾਘਾ ਕੀਤੀ। ਦੋਨੋਂ ਆਗੂ ਇਸ ਗੱਲ 'ਤੇ ਸਹਿਮਤ ਸਨ ਕਿ G -20 ਦੇ ਪੱਧਰ' ਤੇ ਕੀਤੀ ਗਏ ਉਪਰਾਲਿਆਂ ਤੋਂ ਮਹਾਂਮਾਰੀ ਦੇ ਤਾਲਮੇਲ ਵਾਲੇ ਪ੍ਰਤੀਕਰਮ ਨੂੰ ਉਤਸ਼ਾਹਤ ਕਰਨ ਵਿਚ ਮਦਦ ਮਿਲੀ ਹੈ। ਉਨ੍ਹਾਂ ਨੇ ਮੌਜੂਦਾ ਸਮੇਂ ਵਿੱਚ G -20 ਦੇ ਏਜੰਡੇ 'ਤੇ ਮੁੱਖ ਤਰਜੀਹਾਂ ਬਾਰੇ ਵੀ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਭਾਰਤ ਅਤੇ ਸਊਦੀ ਅਰਬ ਵਿਚਕਾਰ ਦੁਵੱਲੇ ਸਬੰਧਾਂ ਦੇ ਹਾਲਾਤ 'ਤੇ ਤਸੱਲੀ ਪ੍ਰਗਟਾਈ ਅਤੇ ਸਾਰੇ ਖੇਤਰਾਂ ਵਿਚ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਪ੍ਰਗਟਾਈ। ਪ੍ਰਧਾਨ ਮੰਤਰੀ ਨੇ COVID -19 ਮਹਾਂਮਾਰੀ ਦੇ ਦੌਰਾਨ ਸਊਦੀ ਅਧਿਕਾਰੀਆਂ ਵੱਲੋਂ ਭਾਰਤੀ ਪ੍ਰਵਾਸੀਆਂ ਨੂੰ ਮੁਹੱਈਆ ਕਰਵਾਈ ਮਦਦ ਲਈ ਮਹਾਮਹਿਮ ਰਾਜਾ ਸਲਮਾਨ ਦਾ ਵਿਸ਼ੇਸ਼ ਧੰਨਵਾਦ ਕੀਤਾ।

ਪ੍ਰਧਾਨ ਮੰਤਰੀ ਨੇ ਮਹਾਮਹਿਮ ਰਾਜਾ ਸਲਮਾਨ ਬਿਨ ਅਬਦੁਲਅਜ਼ੀਜ਼ ਅਲ ਸਊਦ, ਸਊਦੀ ਅਰਬ ਦੇ ਸ਼ਾਹੀ ਪਰਿਵਾਰ ਦੇ ਹੋਰ ਮੈਂਬਰਾਂ ਅਤੇ ਰਾਜ ਦੇ ਸਾਰੇ ਨਾਗਰਿਕਾਂ ਦੀ ਚੰਗੀ ਸਿਹਤ ਅਤੇ ਤੰਦਰੁਸਤੀ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

ਨਵੀਂ ਦਿਲੀ
9 ਸਤੰਬਰ, 2020

DISCLAIMER: This is an approximate translation. The original is available in English on MEA's website and may be referred to as the official press release.